# ਦਫਤਰ ਡਾਇਰੈਕਟਰ,ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ।
# ਸਰਕਾਰੀ ਮਾਡਲ ਸੀਨੀਅਰ ਸੰਕੈਡਰੀ ਸਕੂਲ,ਫੇਜ਼-3ਬੀ1,ਐਸ.ਏ.ਐਸ ਨਗਰ।
(ਵੈਬਸਾਈਟ www.educationrecruitmentboard.com)

---

## ਪਬਲਿਕ ਨੋਟਿਸ

ਪੰਜਾਬ ਸਿੱਖਿਆ ਵਿਭਾਗ ਵੱਲੋਂ ਲੈਕਚਰਾਰਾਂ ਦੀਆਂ 650 ਅਸਾਮੀਆਂ ਭਰਨ ਲਈ ਯੋਗ ਉਮੀਦਵਾਰਾਂ ਵੱਲੋਂ, ਵਿਭਾਗ ਦੀ ਵੈਬ-ਸਾਈਟ www.educationrecruitmentboard.com ਤੇ ਮਿਤੀ 12-12-2015 ਤੱਕ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀ ਗਈ ਸੀ।ਜਿਹੜੇ ਉਮੀਦਵਾਰਾਂ ਨੇ ਇਹਨਾਂ ਅਸਾਮੀਆਂ ਲਈ ਆਨਲਾਈਨ ਅਪਲਾਈ ਕੀਤਾ ਸੀ, ਉਹਨਾਂ ਉਮਦੀਵਾਰਾਂ ਦਾ ਸਟੇਟ ਪੱਧਰ ਤੇ ਦੋ ਲਿਖਤੀ ਟੈਸਟ ਲਏ ਗਏ ਸਨ, ਜੋ ਉਮੀਦਵਾਰ ਇਸ ਟੈਸਟ ਵਿਚੋ ਪਾਸ ਹੋਏ ਹਨ, ਉਹਨਾਂ ਵਿਚੋਂ ਆਸਾਮੀਆਂ ਦੇ 5 ਗੁਣਾ ਉਮੀਦਵਾਰਾਂ ਨੂੰ , ਜਿਹਨਾਂ ਨੇ ਵੱਧ ਅੰਕ ਪ੍ਰਾਪਤ ਕੀਤੇ ਹਨ ਨੂੰ ਮਿਤੀ 29.03.2016 ਤੋਂ ਮਿਤੀ 02.04.2016 ਤੱਕ ਸਰਕਾਰੀ ਮਾਡਲ ਸੀਨੀਅਰ ਸੰਕੈਡਰੀ ਸਕੂਲ, ਫੇਜ 3ਬੀ-1, ਐਸ.ਏ.ਐਸ ਨਗਰ ਵਿੱਖੇ ਹੇਠਾਂ ਦਰਸਾਏ ਗਏ ਸਡਿਊਲ ਅਨੁਸਾਰ ਸਵੇਰੇ 10.00 ਵਜੇ ਤੋਂ ਸਾਮ 3.00 ਵਜੇ ਤੱਕ ਅਸਲ ਦਸਤਾਵੇਜਾ ਦੀ ਸਕਰੂਟਨੀ ਲਈ ਸੱਦਾ ਦਿੱਤਾ ਜਾਂਦਾ ਹੈ। ਬਿਨੈਕਾਰ ਅਸਲ ਸਰਟੀਫਿਕੇਟ, ਸਰਟੀਫਿਕੇਟ ਦੀਆਂ ਖੁਦ ਤਸਦੀਕੀ ਫੋਟੋਕਾਪੀਆਂ ਦਾ ਇਕ ਸੈਟ, ਆਪਣੀ ਪਾਸਪੋਰਟ ਸਾਈਜ ਦੀਆਂ 4 ਫੋਟੋਆਂ, ਜਮ੍ਹਾਂ ਕਰਵਾਈ ਫੀਸ ਦਾ ਸਬੂਤ, ਕੰਪਿਊਟਰ ਵਿੱਚੋਂ ਡਾਊਨ ਲੋਡ ਕੀਤਾ ਰਜਿਸਟ੍ਰੇਸਨ ਫਾਰਮ ਦਾ ਸਬੂਤ ਫਾਈਲ ਕਵਰ ਵਿੱਚ ਟੈਗ ਕਰਕੇ ਸਾਰੇ ਅਸਲ ਸਰਟੀਫਿਕੇਟ ਅਤੇ ਤਸਦੀਕੀ ਫੋਟੋਕਾਪੀਆਂ ਹੇਠਾਂ ਦਰਸਾਈ ਗਈ ਤਰਤੀਬ ਅਨੁਸਾਰ ਵੱਖਰੀਆਂ ਫਾਈਲਾਂ ਵਿੱਚ ਲਗਾ ਕੇ ਦਸਤਾਵੇਜਾਂ ਦੀ ਸਕਰੂਟਨੀ ਲਈ ਨਿੱਜੀ ਤੌਰ ਤੇ ਹਾਜਰ ਹੋਣਗੇ-

1. ਪੜਤਾਲ ਫਾਰਮ (ਵੈਬ-ਸਾਈਟ ਤੋਂ ਡਾਊਨਲੋਡ ਕਰਕੇ)।
2. ਵੈਬ-ਸਾਈਟ ਤੋਂ ਡਾਊਨਲੋਡ ਕੀਤਾ ਰਜਿਸਟਰੇਸ਼ਨ ਫਾਰਮ।
3. ਜਨਮ ਮਿਤੀ ਸਬੰਧੀ ਦਸਵੀਂ ਦਾ ਸਰਟੀਫਿਕੇਟ।
4. ਪੰਜਾਬੀ ਪਾਸ ਦਾ ਸਬੂਤ (10ਵੀਂ ਜਾਂ ਉਚੇਰੀ ਪੱਧਰ ਤੇ)।
5. ਗ੍ਰੇਜੂਏਸ਼ਨ ਦੀ DMC ਅਤੇ ਡਿਗਰੀ।
6. ਪੋਸਟ ਗ੍ਰੇਜੂਏਸ਼ਨ ਦੀ DMC ਅਤੇ ਡਿਗਰੀ ।
7. ਬੀ.ਐਡ ਦੀ DMC ਅਤੇ ਡਿਗਰੀ ।
8. ਕੈਟਾਗਿਰੀ ਸਬੰਧੀ ਸਰਟੀਫਿਕੇਟ।
9. ਪੰਜਾਬ ਦੇ ਵਸਨੀਕ ਹੋਣ ਦਾ ਸਬੂਤ (ਉਹ ਉਮੀਦਵਾਰ ਜਿਨ੍ਹਾ ਨੇ ਕਿਸੇ ਰਿਜਰਵ ਕੈਟਾਗਿਰੀ ਵਿਚ ਅਪਲਾਈ ਕੀਤਾ ਹੈ)।

10. ਆਮਦਨ ਸਬੰਧੀ ਸਵੈ-ਘੋਸ਼ਣਾ ਪੱਤਰ (ਜਿਹੜੇ ਉਮੀਦਵਾਰਾ ਨੇ ਪਛੜੀ ਸ਼੍ਰੇਣੀ ਦੀ ਕੈਟਾਗਿਰੀ ਵਿਚ ਅਪਲਾਈ ਕੀਤਾ ਹੈ) ।

ਨੋਟ - ਉਮੀਦਵਾਰ ਉਪਰੋਕਤ ਲੜੀ ਨੰਬਰ 1 ਤੋਂ 10 ਤੱਕ ਦੇ ਸਾਰੇ ਅਸਲ ਸਰਟੀਫਿਕੇਟਾਂ/ ਦਸਤਾਵੇਜਾਂ ਨੂੰ ਸਕੈਨ ਕਰਕੇ ਇੱਕ DVD ਤਿਆਰ ਕਰਕੇ ਨਾਲ ਲਿਆਂਦੀ ਜਾਵੇ , DVD ਉਪਰ ਪੱਕੇ ਮਾਰਕਰ ਪੈਨ ਨਾਲ ਆਪਣਾ ਰਜਿਸਟਰੇਸਨ ਨੰਬਰ ਅਤੇ ਨਾਮ ਲਿਖ ਕੇ ਫਾਈਲ ਨਾਲ ਜਮਾਂ ਕਰਵਾਉਣਗੇ।

ਸਕਰੂਟਨੀ ਲਈ ਸ਼ਡਿਊਲ ਹੇਠ ਲਿਖੇ ਅਨੁਸਾਰ ਹੈ:-

| ਲੜੀ ਨੰ | ਮਿਤੀ | ਵੇਰਵੇ |
|---|---|---|
| 1 | 29-03-2016 | ਲੈਕਚਰਾਰ ਇਕਨਾਮਿਕਸ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ। |
| 2 | 30-03-2016 | 1. ਲੈਕਚਰਾਰ ਅੰਗਰੇਜੀ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ।<br>2. ਲੈਕਚਰਾਰ ਹਿਸਟਰੀ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ। |
| 3 | 31-03-2016 | 1. ਲੈਕਚਰਾਰ ਬਾਇਓ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ।<br>2. ਲੈਕਚਰਾਰ ਫਿਜਿਕਸ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ।<br>3. ਲੈਕਚਰਾਰ ਕਮਿਸਟਰੀ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ।<br>4. ਲੈਕਚਰਾਰ ਹਿਸਾਬ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ। |
| 4 | 01-04-2016 | 1. ਲੈਕਚਰਾਰ ਫਿਜੀਕਲ ਐਜੂਕੇਸ਼ਨ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ।<br>2. ਲੈਕਚਰਾਰ ਹਿੰਦੀ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ।<br>3. ਲੈਕਚਰਾਰ ਪੰਜਾਬੀ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ।<br>4. ਲੈਕਚਰਾਰ ਕਾਮਰਸ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ |

| | | |
|---|---|---|
| | | ਕੀਤੀ ਗਈ ਲਿਸਟ ਅਨੁਸਾਰ। |
| 5 | 02-04-2016 | **ਲੈਕਚਰਾਰ ਪੋਲ ਸਾਇੰਸ ਦੇ ਸਾਰੇ ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ।** |

1. ਉਪਰੋਕਤ ਦਿੱਤੇ ਸਡਿਊਲ ਅਨੁਸਾਰ ਉਮੀਦਵਾਰ ਦਸਤਾਵੇਜ਼ਾਂ ਦੀ ਸਕਰੂਟਨੀ ਕਰਵਾਉਣ ਲਈ ਨਿੱਜੀ ਪੱਧਰ ਤੇ ਹਾਜਰ ਹੋਣਾ ਯਕੀਨੀ ਬਨਾਉਣ।
2. ਕਿਸੇ ਵੀ ਉਮੀਦਵਾਰ ਵੱਲੋਂ ਦਸਤਾਵੇਜਾਂ ਦੀ ਸਕਰੂਟਨੀ ਵਿੱਚ ਹਾਜਰ ਹੋਣ ਦਾ ਭਾਵ ਇਹ ਨਹੀਂ ਕਿ ਉਸ ਦਾ ਨਿਯੁਕਤੀ ਲਈ ਹੱਕ ਪੈਦਾ ਹੋ ਗਿਆ ਹੈ।
3. ਦਸਤਾਵੇਜਾਂ ਦੀ ਸਕਰੂਟਨੀ ਸਮੇਂ ਸਾਰੇ ਅਸਲ ਦਸਤਾਵੇਜ/ਸਰਟੀਫਿਕੇਟ ਚੈਕ ਕੀਤੇ ਜਾਣਗੇ ਅਤੇ ਉਮੀਦਵਾਰ ਦੁਆਰਾ ਖੁਦ ਤਸਦੀਕੀ ਫੋਟੋ ਕਾਪੀਆਂ ਲਈਆ ਜਾਣਗੀਆ। ਇਸ ਤੋਂ ਬਾਅਦ ਕੋਈ ਵੀ ਸਰਟੀਫਿਕੇਟ/ਦਸਤਾਵੇਜ ਕਿਸੇ ਵੀ ਸੂਰਤ ਵਿੱਚ ਨਹੀਂ ਲਿਆ ਜਾਵੇਗਾ।
4. ਦਸਤਾਵੇਜਾਂ ਦੀ ਸਕਰੂਟਨੀ ਲਈ ਗਠਿਤ ਸਬ-ਕਮੇਟੀਆਂ ਵਲੋਂ ਜਿਨ੍ਹਾਂ ਉਮੀਦਵਾਰਾਂ ਦੇ ਕੋਈ ਦਸਤਾਵੇਜ ਅਧੂਰੇ ਪਾਏ ਜਾਂਦੇ ਹਨ ਤਾਂ ਉਹਨਾਂ ਦੀ ਪਾਤਰਤਾ ਉਸ ਸਮੇਂ ਰੱਦ ਕਰ ਦਿੱਤੀ ਜਾਵੇਗੀ।
5. **www.educationrecruitmentboard.com** ਵੈਬ ਸਾਈਟ ਤੇ **ਪੜਤਾਲ** ਫਾਰਮ, ਸਵੈ-ਘੋਸਣਾ ਪੱਤਰ ਪਾ ਦਿੱਤਾ ਗਿਆ ਹੈ । **ਪੜਤਾਲ** ਫਾਰਮ ਅਤੇ ਸਵੈ-ਘੋਸਣਾ ਪੱਤਰ ਦਸਤਾਵੇਜਾਂ ਦੀ ਸਕਰੂਟਨੀ ਵਾਲੇ ਦਿਨ ਉਮੀਦਵਾਰ ਪਹਿਲਾਂ ਹੀ ਭਰ ਕੇ ਲਿਆਉਣ।
6. ਸਪੱਸਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵੀ ਉਮੀਦਵਾਰ ਦਾ ਕੋਈ ਵੀ ਦਸਤਾਵੇਜ / ਸਰਟੀਫਿਕੇਟ ਗਲਤ ਜਾਂ ਜਾਅਲੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਐਫ.ਆਈ.ਆਰ.ਮੌਕੇ ਤੇ ਹੀ ਦਰਜ ਕਰਵਾਈ ਜਾਵੇਗੀ।

21/3/16

ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ
ਪੰਜਾਬ।